ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ- 6 ਸ਼ਾਖਾ)

**ਹੁਕਮ**

CWP 20359 of 2013 - Court on its Own Motion Vs State of Punjab and others ਵਿੱਚ ਮਾਨਯੋਗ ਹਾਈ ਕੋਰਟ ਦੇ ਹੁਕਮ ਮਿਤੀ 15.09.2023 ਦੀ ਪਾਲਣਾ ਹਿੱਤ ਅਤੇ ਸਕੂਲਾਂ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਹੇਠਾਂ ਦਰਸਾਏ ਅਨੁਸਾਰ ਹਦਾਇਤਾਂ ਕੀਤੀਆਂ ਜਾਂਦੀਆਂ ਹਨ:-

i) ਸਮੂਹ ਵਿਦਿਅਕ ਅਦਾਰਿਆਂ ਜਿਵੇਂ ਕਿ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ, ਪ੍ਰਾਈਵੇਟ ਸਕੂਲਾਂ ਅਤੇ ਘੱਟ ਗਿਣਤੀ ਸੰਸਥਾਵਾਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਉਣ ਲਈ ਹਰ ਸਕੂਲ ਵਿੱਚੋਂ ਸਭ ਤੋਂ ਸੀਨੀਅਰ ਅਧਿਆਪਕ ਨੂੰ ਨੋਡਲ ਅਫਸਰ ਵਜੋਂ ਨਿਯੁਕਤ ਕੀਤਾ ਜਾਵੇ ਤਾਂ ਜੋ ਮਹੀਨੇ ਦੇ ਹਰ ਸ਼ੁੱਕਰਵਾਰ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਨੂੰ ਦਸਦੇ ਹੋਏ ਉਸ ਵਲੋਂ ਵਿਦਿਆਰਥੀਆਂ ਦੀ ਕਾਉਂਸਲਿੰਗ ਕੀਤੀ ਜਾਵੇ । ਜੇਕਰ, ਅਧਿਆਪਕਾਂ ਨੂੰ ਸਕੂਲ ਵਿੱਚ ਕੋਈ ਵਿਦਿਆਰਥੀ ਨਸ਼ੇ ਦੀ ਵਰਤੋਂ ਕਰਦਾ ਮਿਲਦਾ ਹੈ ਜਾਂ ਕਿਸੇ ਵਿਦਿਆਰਥੀ ਵਿੱਚ ਨਸ਼ੇ ਨਾਲ ਸਬੰਧਤ ਕੋਈ ਲੱਛਣ ਮਿਲਦੇ ਹਨ ਤਾਂ ਉਸ ਵਿਦਿਆਰਥੀ ਦੇ ਮਾਪਿਆਂ ਨੂੰ ਸਕੂਲ ਵਿਖੇ ਬੁਲਾਉਣ (ਸੰਮਣ) ਲਈ ਆਜ਼ਾਦ ਹੋਵੇਗਾ । ਵਿਦਿਆਰਥੀਆਂ ਦੇ ਮਾਪਿਆਂ ਨੂੰ ਮਾਪੇ-ਅਧਿਆਪਕ ਮਿਲਣੀਆਂ ਦੌਰਾਨ ਨਸ਼ਿਆਂ ਦੇ ਦੁਰਪ੍ਰਭਾਵ ਬਾਰੇ ਜਾਗਰੂਕ ਕੀਤਾ ਜਾਵੇ ।

ii) ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈਸਿ) ਆਪਣੇ ਜ਼ਿਲ੍ਹੇ ਵਿੱਚ ਵਿਦਿਆਰਥੀਆਂ ਵਿੱਚ ਨਸ਼ਿਆਂ ਅਤੇ ਨਸ਼ੀਲੇ ਪਦਾਰਥਾਂ ਦੀ ਉਪਲਬਧਤਾ ਦੀ ਨਿਗਰਾਨੀ ਅਤੇ ਰੋਕਥਾਮ ਲਈ ਅਜਿਹੇ ਸਰਕਾਰੀ ਸਕੂਲਾਂ, ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ, ਪਬਲਿਕ ਸਕੂਲਾਂ ਅਤੇ ਘੱਟ ਗਿਣਤੀ ਸਕੂਲਾਂ ਦੀ ਸੂਚੀ ਬਣਾਉਣਗੇ ਜਿਹੜੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ vulnerable ਇਲਾਕਿਆਂ ਵਿੱਚ ਸਥਿਤ ਹੋਣ। ਇਹ ਸੂਚੀ ਲੋਕਲ ਪੁਲਿਸ ਅਧਿਕਾਰੀਆਂ ਨੂੰ ਮੁਹੱਈਆ ਕਰਵਾਈ ਜਾਵੇ ।

iii) ਰਾਜ ਸਰਕਾਰ ਦੇ ਸਾਰੇ ਸਕੂਲਾਂ (ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ, ਘੱਟ ਗਿਣਤੀ ਸੰਸਥਾਵਾਂ, ਪਬਲਿਕ ਸਕੂਲਾਂ ਅਤੇ ਕੋਚਿੰਗ ਸੈਂਟਰਾਂ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੀ ਸੰਸਥਾ ਦੇ ਟੀਚਿੰਗ/ਨਾਨ ਟੀਚਿੰਗ ਸਟਾਫ ਅਤੇ ਵਿਦਿਆਰਥੀਆਂ ਵਿੱਚ ਨਸ਼ਾ ਮੁਕਤ ਜੀਵਨ ਨੂੰ ਉਤਸ਼ਾਹਿਤ ਕਰਨ ਲਈ ਨਸ਼ਾ ਵਿਰੋਧੀ ਕਲੱਬਾਂ ਦਾ ਗਠਨ ਕਰਨ।

iv) ਜ਼ਿਲ੍ਹਾ ਸਿੱਖਿਆ ਅਫਸਰ (ਸੈਸਿ) ਆਪਣੇ ਜ਼ਿਲ੍ਹੇ ਦੇ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ, ਘੱਟ ਗਿਣਤੀ ਸੰਸਥਾਵਾਂ ਅਤੇ ਪਬਲਿਕ ਸਕੂਲਾਂ ਵਿੱਚ ਸਮੇਂ ਸਮੇਂ ਤੇ ਵਿਜ਼ਿਟ ਕਰਨਗੇ ਅਤੇ ਇਨ੍ਹਾਂ ਸੰਸਥਾਵਾਂ ਦੀ ਮੈਨੇਜਮੈਂਟ ਨਾਲ Contact ਲਈ ਇੱਕ ਮੋਬਾਇਲ ਨੰਬਰ (ਜ਼ਿਲ੍ਹਾ ਸਿੱਖਿਆ ਅਫਸਰ (ਸੈਸਿ)/ ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈਸਿ) Share ਕਰਨਗੇ ਤਾਂ ਜੋ ਇਹਨਾਂ ਸੰਸਥਾਵਾਂ ਵਿੱਚ ਜੇਕਰ ਨਸ਼ਿਆਂ ਸਬੰਧੀ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਸਕੂਲ ਸੰਸਥਾਵਾਂ ਸਹੀ ਸਮੇਂ ਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਸਮੱਸਿਆ ਦਾ ਨਿਪਟਾਰਾ ਕਰਵਾ ਸਕਣ ।

v) ਨਸ਼ਿਆਂ ਦੀ ਰੋਕਥਾਮ ਲਈ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਵੀ ਸਮੇਂ ਸਮੇਂ ਤੇ ਪਬਲਿਕ ਸਕੂਲਾਂ ਦਾ ਦੌਰਾ ਕਰਨਗੇ । ਜਦੋਂ ਵੀ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀ ਪਬਲਿਕ ਸਕੂਲਾਂ ਵਿੱਚ ਵਿਜ਼ਿਟ ਕਰਨਗੇ ਤਾਂ ਸਕੂਲ ਪ੍ਰਬੰਧਕ ਅਧਿਕਾਰੀਆਂ ਵੱਲੋਂ ਉਹਨਾਂ ਨੂੰ ਪੂਰਨ ਸਹਿਯੋਗ ਦਿੱਤਾ ਜਾਵੇਗਾ।

2) ਇਹਨਾਂ ਹਦਾਇਤਾਂ ਦੀ ਤੁਰੰਤ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਮਿਤੀ, ਚੰਡੀਗੜ੍ਹ:
30.05.2024

**ਕਮਲ ਕਿਸ਼ੋਰ ਯਾਦਵ, ਆਈ.ਏ.ਐਸ**
**ਸਕੱਤਰ, ਸਕੂਲ ਸਿੱਖਿਆ**

ਪਿ.ਅ.ਨੰ: SED-EDU6018/35/2022-4EDU6/859424 ਮਿਤੀ, ਚੰਡੀਗੜ੍ਹ:11.06.2024

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ / ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਨਿੱ.ਸ/ਸਕੱਤਰ, ਸਕੂਲ ਸਿੱਖਿਆ।
2) ਸਮੂਹ ਵਿਸ਼ੇਸ਼ ਸਕੱਤਰ/ਵਧੀਕ ਸਕੱਤਰ, ਸਕੂਲ ਸਿੱਖਿਆ ।
3) ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ, ਮੋਹਾਲੀ ।
4) ਡਾਇਰੈਕਟਰ ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ, ਮੋਹਾਲੀ ।
5) ਡਾਇਰੈਕਟਰ, ਐਸ.ਸੀ.ਈ.ਆਰ.ਟੀ. ਪੰਜਾਬ, ਮੋਹਾਲੀ ।
6) ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਪੰਜਾਬ ,ਮੋਹਾਲੀ
7) ਡਾਇਰੈਕਟਰ, ਸਿੱਖਿਆ ਵਿਭਾਗ (ਸੈ./ਐਲੀ.) ਪੰਜਾਬ, ਮੋਹਾਲੀ ।
8) ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ/ਐ.ਸਿੱ)
9) ਸਮੂਹ ਸਕੂਲ ਮੁਖੀ, ਸਰਕਾਰੀ/ਏਡਿਡ/ਪ੍ਰਾਈਵੇਟ ਸਕੂਲ, ਪੰਜਾਬ ਰਾਜ ਵਿੱਚ(ਵੈਬਸਾਈਟ ਰਾਹੀਂ)

ਸੁਪਰਡੰਟ

## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ

ਪਿਠ ਅੰਕਣ ਨੰ :ਜੀ-1/1 ( )2024/ 9053 ਮਿਤੀ: 19/06/2024

ਉਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) 19/6/24
ਬਠਿੰਡਾ ।